# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 13-07-2025**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਉੱਘੇ ਵਕੀਲ Ujjwal Deorao Nikam, ਸਮਾਜ ਸੇਵਕ, C Sadanandan Master, ਸਾਬਕਾ ਵਿਦੇਸ਼ ਸਕੱਤਰ-ਹਰਸ਼ ਵਰਧਨ ਸ਼੍ਰਿੰਗਲਾ ਅਤੇ ਇਤਿਹਾਸਕਾਰ ਅਤੇ ਅਕਾਦ੍ਮਿਸ਼ੀਅਨ, ਡਾ. ਮੀਨਾਕਸ਼ੀ ਜੈਨ ਨੂੰ ਰਾਜ ਸਭਾ ਲਈ ਨਾਮਜ਼ਦ ਕੀਤਾ ਏ।
- ਅਮਰੀਕਾ ਵਿੱਚ, FBI ਨੇ ਇੱਕ ਅੰਤਰਰਾਸ਼ਟਰੀ ਦਹਿਸ਼ਤਗਰਦੀ ਨੈੱਟਵਰਕ 'ਤੇ ਵੱਡੀ ਕਾਰਵਾਈ ਵਿੱਚ ਦੇਸ਼ ਭਰ'ਚ ਅੱਠ ਖਾਲਿਸਤਾਨੀ ਦਹਿਸ਼ਤਗਰਦਾਂ ਨੂੰ ਗ੍ਰਿਫ਼ਤਾਰ ਕੀਤਾ ਏ।
- ਕੇਂਦਰ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਨਕਲੀ ਅਤੇ ਘਟੀਆ ਖਾਦਾਂ ਦੇ ਮੁੱਦੇ 'ਤੇ ਤੁਰੰਤ ਅਤੇ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਨੇ.

- ਪੰਜਾਬ ਦੇ ਨੌਜਵਾਨਾਂ ਦਾ ਧਿਆਨ ਨਸ਼ਿਆਂ ਤੋਂ ਹਟਾ ਕੇ ਖੇਡਾਂ ਵੱਲ ਮੋੜਨ ਲਈ, ਸਰਕਾਰ ਸੂਬੇ ਦੇ ਸਾਰੇ 13,ਹਜ਼ਾਰ ਪਿੰਡਾਂ ਵਿੱਚ ਆਧੁਨਿਕ ਖੇਡ ਮੈਦਾਨ ਬਣਾਏਗੀ।
- ਪੰਜਾਬ ਪੁਲਿਸ ਦੀ ਹੈਡ ਕਾਂਸਟੇਬਲ, ਰਜਨੀ ਨੇ ਵਿਸ਼ਵ ਪੁਲਿਸ ਖੇਡਾਂ'ਚ ਚਾਰ ਸੋਨੇ ਦੇ, ਇੱਕ ਚਾਂਦੀ ਦਾ ਅਤੇ ਦੋ ਕਾਂਸੀ ਦੇ ਤਮਗਿਆਂ ਸਮੇਤ ਸੱਤ ਤਮਗੇ ਜਿੱਤੇ ਨੇ.

---------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਉੱਘੇ ਵਕੀਲ Ujjwal Deorao Nikam, ਸਮਾਜ ਸੇਵਕ, C Sadanandan Master, ਸਾਬਕਾ ਵਿਦੇਸ਼ ਸਕੱਤਰ-ਹਰਸ਼ ਵਰਧਨ ਸ਼੍ਰਿੰਗਲਾ ਅਤੇ ਇਤਿਹਾਸਕਾਰ ਅਤੇ ਅਕਾਦ੍ਮਿਸ਼ੀਅਨ, ਡਾ. ਮੀਨਾਕਸ਼ੀ ਜੈਨ ਨੂੰ ਰਾਜ ਸਭਾ ਲਈ ਨਾਮਜ਼ਦ ਕੀਤਾ ਏ । ਇੱਕ ਨੋਟੀਫਿਕੇਸ਼ਨ ਵਿੱਚ, ਗ੍ਰਿਹਿ ਮੰਤਰਾਲੇ ਨੇ ਇਸ ਫੈਸਲੇ ਬਾਰੇ ਜਾਣਕਾਰੀ ਦਿੱਤੀ। ਮਹਾਰਾਸ਼ਟਰ ਦੇ ਰਹਿਣ ਵਾਲੇ ਸ੍ਰੀ ਨਿਕਮ ਨੇ ਮੁੰਬਈ ਦਹਿਸ਼ਤਗਰਦ ਹਮਲੇ ਦੇ ਮਾਮਲੇ ਵਿੱਚ ਸਰਕਾਰੀ ਵਕੀਲ ਵਜੋਂ ਸੇਵਾ ਨਿਭਾਈ ਏ । ਕੇਰਲ ਦੇ C Sadanandan Master ਦਾ ਸਿੱਖਿਆ ਖੇਤਰ ਵਿੱਚ ਲੰਮਾ ਕਰੀਅਰ ਏ । ਉਹ ਸਿਆਸੀ ਹਿੰਸਾ ਦਾ ਸ਼ਿਕਾਰ ਰਹੇ ਨੇ. ਸ੍ਰੀ ਸ਼੍ਰਿੰਗਲਾ ਨੇ ਅਮਰੀਕਾ, ਬੰਗਲਾਦੇਸ਼ ਅਤੇ ਥਾਈਲੈਂਡ

ਵਿੱਚ ਰਾਜਦੂਤ ਵਜੋਂ ਵੀ ਸੇਵਾ ਨਿਭਾਈ ਏ। ਉਨ੍ਹਾਂ ਨੇ 2023 ਵਿੱਚ ਭਾਰਤ ਦੀ ਜੀ-20 ਪ੍ਰਧਾਨਗੀ ਲਈ ਮੁੱਖ ਕੋਆਰਡੀਨੇਟਰ ਵਜੋਂ ਸੇਵਾ ਨਿਭਾਈ। ਡਾ. ਜੈਨ ਨੇ ਦਿੱਲੀ ਯੂਨੀਵਰਸਿਟੀ ਦੇ ਗਾਰਗੀ ਕਾਲਜ ਵਿੱਚ ਇਤਿਹਾਸ ਦੇ ਐਸੋਸੀਏਟ ਪ੍ਰੋਫੈਸਰ ਵਜੋਂ ਸੇਵਾ ਨਿਭਾਈ ਏ। ਰਾਸ਼ਟਰਪਤੀ - ਕਲਾ, ਸਾਹਿਤ, ਵਿਗਿਆਨ ਅਤੇ ਸਮਾਜਿਕ ਸੇਵਾਵਾਂ ਵਿੱਚ ਯੋਗਦਾਨ ਲਈ 12 ਵਿਅਕਤੀਆਂ ਨੂੰ ਸੰਸਦ ਦੇ ਉਪਰਲੇ ਸਦਨ ਵਿੱਚ ਨਾਮਜ਼ਦ ਕਰਦੇ ਨੇ.

-----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉੱਘੇ ਵਕੀਲ, ਉੱਜਵਲ ਦੇਵਰਾਓ ਨਿਕਮ, ਸਮਾਜ ਸੇਵਕ- ਸੀ ਸਦਾਨੰਦਨ ਮਾਸਟਰ, ਸਾਬਕਾ ਵਿਦੇਸ਼ ਸਕੱਤਰ- ਹਰਸ਼ਵਰਧਨ ਸ਼੍ਰਿੰਗਲਾ ਅਤੇ ਇਤਿਹਾਸਕਾਰ ਅਤੇ ਸਿੱਖਿਆ ਸ਼ਾਸਤਰੀ ਡਾ. ਮੀਨਾਕਸ਼ੀ ਜੈਨ ਨੂੰ ਰਾਜ ਸਭਾ ਲਈ ਨਾਮਜ਼ਦ ਕੀਤੇ ਜਾਣ 'ਤੇ ਵਧਾਈ ਦਿੱਤੀ ਏ।

-----------------------------------------------------------------

ਅਮਰੀਕਾ ਵਿੱਚ, ਫੈਡਰਲ ਬਿਊਰੋ ਆਫ਼ ਇਨਵੈਸਟੀਗੇਸ਼ਨ (FBI) ਨੇ ਇੱਕ ਅੰਤਰਰਾਸ਼ਟਰੀ ਦਹਿਸ਼ਤਗਰਦੀ ਨੈੱਟਵਰਕ 'ਤੇ ਇੱਕ ਵੱਡੀ ਕਾਰਵਾਈ ਵਿੱਚ ਦੇਸ਼ ਭਰ ਵਿੱਚ ਅੱਠ ਖਾਲਿਸਤਾਨੀ ਦਹਿਸ਼ਤਗਰਦਾਂ ਨੂੰ ਗ੍ਰਿਫ਼ਤਾਰ ਕੀਤਾ ਏ। ਇਨ੍ਹਾਂ ਵਿੱਚੋਂ ਇੱਕ ਪੰਜਾਬ-ਅਧਾਰਤ ਗੈਂਗਸਟਰ

ਪਵਿੱਤਰ ਸਿੰਘ ਬਟਾਲਾ ਏ, ਜੋ ਕਿ ਭਾਰਤ ਦੀ ਰਾਸ਼ਟਰੀ ਜਾਂਚ ਏਜੰਸੀ (NIA) ਨੂੰ ਪਾਬੰਦੀਸ਼ੁਦਾ ਸਮੂਹ ਬੱਬਰ ਖਾਲਸਾ ਇੰਟਰਨੈਸ਼ਨਲ (BKI) ਨਾਲ ਜੁੜੀਆਂ ਦਹਿਸ਼ਤਗਰਦ ਗਤੀਵਿਧੀਆਂ ਲਈ ਲੋੜੀਂਦਾ ਏ। ਜੂਨ ਵਿੱਚ, NIA ਨੇ ਇੱਕ ਚਾਰਜਸ਼ੀਟ ਵਿੱਚ ਜਤਿੰਦਰ ਜੋਤੀ ਅਤੇ ਨਾਮਜ਼ਦ BKI ਦਹਿਸ਼ਤਗਰਦ ਲਖਬੀਰ ਲੰਡਾ ਦੇ ਨਾਲ ਬਟਾਲਾ ਦਾ ਨਾਂ ਲਿਆ ਸੀ। ਇਹ ਗ੍ਰਿਫ਼ਤਾਰੀਆਂ ਬਹੁ-ਏਜੰਸੀ ਜਾਂਚ ਤੋਂ ਬਾਅਦ ਹੋਈਆਂ, ਜਿਸ ਵਿੱਚ ਵਿਸ਼ੇਸ਼ ਹਥਿਆਰਾਂ ਅਤੇ ਰਣਨੀਤੀਆਂ ਦੀਆਂ ਟੀਮਾਂ ਨੇ Dilpreet Singh, Arshpreet Singh, Amritpal Singh, Vishal, Pavittar Singh, Gurtaj Singh, Manpreet Randhawa, ਅਤੇ Sarabjit Singh ਨੂੰ ਹਿਰਾਸਤ ਵਿੱਚ ਲਿਆ। ਭਾਰਤੀ ਖੁਫੀਆ ਜਾਣਕਾਰੀ ਮੁਤਾਬਿਕ, ਸਾਰੇ ਸ਼ੱਕੀ ਇੱਕ ਗੈਂਗਸਟਰ-ਦਹਿਸ਼ਤਗਰਦ ਨੈੱਟਵਰਕ ਦਾ ਹਿੱਸਾ ਨੇ. FBI ਨੇ ਤਲਾਸ਼ੀ ਦੌਰਾਨ ਹਥਿਆਰ, ਗੋਲੀ- ਸਿੱਕਾ ਅਤੇ ਨਕਦੀ ਵੀ ਜ਼ਬਤ ਕੀਤੀ। ਅਧਿਕਾਰੀਆਂ ਨੇ ਕਿਹਾ ਕਿ ਇਸ ਸਮੂਹ 'ਤੇ ਕਈ ਸੰਗੀਨ ਇਲ੍ਜ਼ਾਮ ਨੇ, ਜਿਨ੍ਹਾਂ ਵਿੱਚ ਅਗਵਾ, ਤਸ਼ੱਦਦ, ਝੂਠੀ ਕੈਦ, ਸਾਜ਼ਿਸ਼, ਗਵਾਹਾਂ ਨੂੰ ਡਰਾਉਣਾ-ਧਮਕਾਉਣਾ ਅਤੇ ਨੀਮ-ਆਟੋਮੈਟਿਕ ਹਥਿਆਰ ਨਾਲ ਹਮਲਾ ਕਰਨਾ, ਨਾਲ ਹੀ ਗੈਂਗ ਨਾਲ ਸਬੰਧਤ ਹੋਰ ਕੰਮ ਸ਼ਾਮਲ ਨੇ.

---------------------------------------------------------

ਕੇਂਦਰ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਨਕਲੀ ਅਤੇ ਘਟੀਆ ਖਾਦਾਂ ਦੇ ਮੁੱਦੇ 'ਤੇ ਤੁਰੰਤ ਅਤੇ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਨੇ. ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਮੰਤਰੀਆਂ ਨੂੰ ਇੱਕ ਪੱਤਰ ਲਿਖਿਆ ਏ। ਇਹ ਪੱਤਰ, ਦੇਸ਼ ਭਰ ਵਿੱਚ ਨਕਲੀ ਖਾਦਾਂ ਦੀ ਵਿਕਰੀ, ਸਬਸਿਡੀ ਵਾਲੀਆਂ ਖਾਦਾਂ ਦੀ ਕਾਲਾਬਾਜ਼ਾਰੀ ਅਤੇ ਜ਼ਬਰਦਸਤੀ ਟੈਗਿੰਗ ਵਰਗੀਆਂ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਦੇ ਉਦੇਸ਼ ਨਾਲ ਜਾਰੀ ਕੀਤਾ ਗਿਆ ਏ। ਸ਼੍ਰੀ ਚੌਹਾਨ ਨੇ ਕਿਹਾ ਕਿ ਖੇਤੀਬਾੜੀ, ਭਾਰਤ ਦੀ ਆਰਥਿਕਤਾ ਦੀ ਰੀੜ੍ਹ ਏ ਅਤੇ ਕਿਸਾਨਾਂ ਦੀ ਆਮਦਨ ਵਿੱਚ ਸਥਿਰਤਾ ਨੂੰ ਯਕੀਨੀ ਬਣਾਉਣ ਲਈ, ਉਨ੍ਹਾਂ ਨੂੰ ਸਹੀ ਸਮੇਂ ਅਤੇ ਕਿਫਾਇਤੀ ਕੀਮਤਾਂ 'ਤੇ ਵਧੀਆ ਗੁਣਵੱਤਾ ਵਾਲੀਆਂ ਖਾਦਾਂ ਪ੍ਰਦਾਨ ਕਰਨਾ ਜ਼ਰੂਰੀ ਏ। ਮੰਤਰੀ ਨੇ ਕਿਹਾ ਕਿ, ਇਹ ਰਾਜਾਂ ਦੀ ਜ਼ਿੰਮੇਵਾਰੀ ਏ ਕਿ ਉਹ ਸਹੀ ਥਾਵਾਂ 'ਤੇ ਖਾਦਾਂ ਦੀ ਢੁਕਵੀਂ ਉਪਲਬਧਤਾ ਨੂੰ ਯਕੀਨੀ ਬਣਾਉਣ ਜਿੱਥੇ ਇਸਦੀ ਜ਼ਰੂਰਤ ਏ। ਸ਼੍ਰੀ ਚੌਹਾਨ ਨੇ ਰਾਜਾਂ ਨੂੰ ਸਖ਼ਤ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ, ਜਿਸ ਵਿੱਚ ਲਾਇਸੈਂਸ ਰੱਦ ਕਰਨਾ ਅਤੇ ਦੋਸ਼ੀਆਂ ਵਿਰੁੱਧ FIR ਦਰਜ ਕਰਨਾ ਸ਼ਾਮਲ ਏ। ਮੰਤਰੀ ਨੇ ਸਾਰੇ ਰਾਜਾਂ ਨੂੰ ਨਕਲੀ ਅਤੇ ਘਟੀਆ ਖੇਤੀਬਾੜੀ ਵਸਤਾਂ ਦੀ ਸਮੱਸਿਆ ਨੂੰ ਜੜ੍ਹੋਂ ਖਤਮ ਕਰਨ ਲਈ

ਇੱਕ ਰਾਜ ਵਿਆਪੀ ਮੁਹਿੰਮ ਸ਼ੁਰੂ ਕਰਨ ਦੀ ਅਪੀਲ ਵੀ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਰਾਜ ਪੱਧਰ 'ਤੇ ਇਸ ਕੰਮ ਦੀ ਨਿਯਮਤ ਨਿਗਰਾਨੀ, ਕਿਸਾਨਾਂ ਦੇ ਹਿੱਤ ਵਿੱਚ ਇੱਕ ਪ੍ਰਭਾਵਸ਼ਾਲੀ ਅਤੇ ਪੱਕੇ ਹੱਲ ਵੱਲ ਲੈ ਜਾਵੇਗੀ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਉਨ੍ਹਾਂ ਦੀ ਸਰਕਾਰ ਦਾ ਟੀਚਾ, ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਏ ਅਤੇ ਇਸ ਨੂੰ ਸੰਭਵ ਬਣਾਉਣ ਲਈ ਪੰਜਾਬ ਦੇ ਨੌਜਵਾਨਾਂ ਦਾ ਧਿਆਨ ਨਸ਼ਿਆਂ ਤੋਂ ਹਟਾ ਕੇ ਖੇਡਾਂ ਵੱਲ ਮੋੜਨ ਵਾਸਤੇ, ਸਰਕਾਰ ਸੂਬੇ ਦੇ ਸਾਰੇ 13,ਹਜ਼ਾਰ ਪਿੰਡਾਂ ਵਿੱਚ ਆਧੁਨਿਕ ਖੇਡ ਮੈਦਾਨ ਬਣਾਏਗੀ। ਅੱਜ ਚੰਡੀਗੜ੍ਹ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਸ਼੍ਰੀ ਮਾਨ ਨੇ, ਜੋ ਕਿ ਰਾਜ ਦੇ ਖੇਡ ਮੰਤਰੀ ਦਾ ਕਾਰਜਭਾਰ ਵੀ ਸੰਭਾਲ ਰਹੇ ਨੇ, ਕਿਹਾ ਕਿ ਨੌਜਵਾਨਾਂ ਨੂੰ ਦਿੱਤਾ ਜਾ ਸਕਣ ਵਾਲਾ ਸਭ ਤੋਂ ਵਧੀਆ ਵਿਕਲਪ ਖੇਡਾਂ ਨੇ ਇਸ ਲਈ ਪਹਿਲੇ ਪੜਾਅ ਵਿੱਚ, 3083 ਪਿੰਡਾਂ ਵਿੱਚ, ਇੰਨੇ ਹੀ ਆਧੁਨਿਕ ਖੇਡ ਮੈਦਾਨ ਬਣਾਏ ਜਾਣਗੇ- byte –

ਉਨ੍ਹਾਂ ਕਿਹਾ ਕਿ ਸਟੇਡੀਅਮਾਂ ਲਈ ਜ਼ਮੀਨਾਂ ਪਿੰਡਾਂ ਦੀਆਂ ਪੰਚਾਇਤਾਂ ਤੋਂ, ਤੇ ਜੇਕਰ ਪ੍ਰਵਾਸੀ ਭਾਰਤੀ ਦਿਲਚਸਪੀ ਰੱਖਦੇ ਨੇ ਤਾਂ ਓਹਨਾਂ ਤੋਂ

ਲਈਆਂ ਜਾਣਗੀਆਂ ਲਈਆਂ ਜਾਣਗੀਆਂ, ਅਤੇ ਰਾਜ ਸਰਕਾਰ ਇਸ ਉਦੇਸ਼ ਲਈ ਖਰੀਦ ਵੀ ਕਰੇਗੀ। ਇਸ ਦੇ ਨਾਲ ਹੀ, ਉਨ੍ਹਾਂ ਕਿਹਾ ਕਿ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਪ੍ਰਾਪਤੀਆਂ ਕਰਨ ਵਾਲੇ ਸੀਨੀਅਰ ਖਿਡਾਰੀਆਂ ਨੂੰ ਵੀ ਨਵੀਂ ਪੀੜ੍ਹੀ ਨੂੰ ਵੱਖ-ਵੱਖ ਖੇਡਾਂ ਵਿੱਚ ਕੋਚਿੰਗ ਦੇਣ ਲਈ ਨਿਯੁਕਤ ਕੀਤਾ ਜਾਵੇਗਾ।

-------------------------------------------------------------

ਜਲੰਧਰ 'ਚ ਸਾਫ਼-ਸੁਥਰੀਆਂ ਅਤੇ ਮਿਆਰੀ ਸੜਕਾਂ ਯਕੀਨੀ ਬਣਾਉਣ ਲਈ ਇੱਕ ਮਹੱਤਵਪੂਰਣ ਤੇ ਨਿਵੇਕਲੀ ਪਹਿਲ ਕਰਦਿਆਂ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਸੀਨੀਅਰ ਅਧਿਕਾਰੀਆਂ ਸਮੇਤ 'ਪੰਜਾਬ ਸੜਕ ਸਫਾਈ ਮਿਸ਼ਨ' ਤਹਿਤ 10 ਕਿਲੋਮੀਟਰ ਤੱਕ ਦੀਆਂ, 51 ਸੜਕਾਂ ਨੂੰ ਬਿਹਤਰ ਬਣਾਇਆ ਗਿਆ ਏ. ਡਿਪਟੀ ਕਮਿਸ਼ਨਰ ਵੱਲੋਂ ਜਲੰਧਰ-ਫਗਵਾੜਾ ਸੜਕ (ਜਲੰਧਰ ਦੀ ਹੱਦ ਤੱਕ) ਬਿਹਤਰ ਬਣਾਈ ਗਈ ਏ, ਜਿਸ ਦਾ ਉਹ ਵਿਅਕਤੀਗਤ ਤੌਰ 'ਤੇ ਧਿਆਨ ਰੱਖਣਗੇ। ਇਸ ਉਪਰਾਲੇ ਤਹਿਤ ਉਨ੍ਹਾਂ ਵੱਲੋਂ ਲੋਕਾਂ ਦੀ ਸਹੂਲਤ ਲਈ ਬਲੈਕ ਸਪਾਟਸ, ਇੰਜੀਨੀਅਰਿੰਗ ਦੇ ਨੁਕਸਾਂ ਨੂੰ ਦੂਰ ਕਰਨ, ਨਗਰ ਨਿਗਮ ਅਤੇ ਕੌਮੀ ਸ਼ਾਹਰਾਹ ਅਥਾਰਟੀ ਰਾਹੀਂ ਸੜਕਾਂ ਦੀ ਸਫਾਈ ਅਤੇ ਰੱਖ-ਰਖਾਅ ਨੂੰ ਯਕੀਨੀ ਬਣਾਉਣ ਲਈ

ਜ਼ਰੂਰੀ ਕਦਮ ਚੁੱਕੇ ਜਾਣਗੇ। ਇਸੇ ਤਰ੍ਹਾਂ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਵੱਲੋਂ ਵੀ ਇਸ ਮਿਸ਼ਨ ਤਹਿਤ 10-10 ਕਿਲੋਮੀਟਰ ਦੇ ਸੜਕੀ ਹਿੱਸੇ ਅਡਾਪਟ ਕੀਤੇ ਗਏ ਨੇ.

--------------------------------------------------------

ਪੰਜਾਬ ‘ਚ ਮੌਸਮ ਵਿਭਾਗ ਨੇ, ਅੱਜ ਅਤੇ ਭਲਕੇ ਵੱਖ-ਵੱਖ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ. ਰਾਜ ਵਿੱਚ ਇਸ ਸਮੇਂ ਦੌਰਾਨ ਵੱਖ-ਵੱਖ ਥਾਵਾਂ 'ਤੇ ਗਰਜ ਨਾਲ ਤੂਫਾਨ ਆਉਣ ਅਤੇ ਬਿਜਲੀ ਚੱਲਣ ਦੀ ਵੀ ਸੰਭਾਵਨਾ ਏ. 16 ਤਰੀਕ ਨੂੰ ਸੂਬੇ ਦੇ ਉੱਤਰੀ ਹਿੱਸਿਆਂ ਵਿੱਚ ਵੱਖ-ਵੱਖ ਥਾਵਾਂ 'ਤੇ ਭਾਰੀ ਬਾਰਿਸ਼ ਹੋ ਸਕਦੀ ਏ.

--------------------------------------------------------

ਪੰਜਾਬ ਪੁਲਿਸ ਦੀ ਹੈਡ ਕਾਂਸਟੇਬਲ, ਰਜਨੀ ਨੇ ਵਿਸ਼ਵ ਪੁਲਿਸ ਖੇਡਾਂ’ਚ ਸੱਤ ਮੈਡਲ ਜਿੱਤੇ ਨੇ. ਰਜਨੀ ਨੇ ਅਮਰੀਕਾ ਵਿੱਚ ਹੋਈਆਂ ਇਹਨਾਂ ਖੇਡਾਂ ਵਿੱਚ ਸੋ ਮੀਟਰ 400 ਮੀਟਰ ਅਤੇ ਹੋਰ ਮੁਕਾਬਲਿਆਂ ਸਮੇਤ ਕੁੱਲ ਸੱਤ ਮੁਕਾਬਲਿਆਂ ਵਿੱਚ ਹਿੱਸਾ ਲਿਆ ਜਿਨਾਂ ਵਿੱਚੋਂ ਓਹਨਾਂ ਚਾਰ ਸੋਨੇ ਦੇ, ਇੱਕ ਚਾਂਦੀ ਦਾ ਅਤੇ ਦੋ ਕਾਂਸੀ ਦੇ ਤਮਗੇ ਜਿੱਤੇ. ਅੰਤਰਰਾਸ਼ਟਰੀ ਪੱਧਰ ਦੀਆਂ ਪੁਲਿਸ ਖੇਡਾਂ ਵਿੱਚ ਪੂਰੀ ਦੁਨੀਆਂ ਦੇ ਖਿਡਾਰੀਆਂ ਨੇ ਹਿੱਸਾ

ਲਿਆ ਸੀ। ਆਕਾਸ਼ਵਾਣੀ ਖਬਰਾਂ ਨਾਲ ਗੱਲਬਾਤ ਕਰਦਿਆਂ ਰਜਨੀ ਨੇ ਆਪਣੀ ਇਸ ਪ੍ਰਾਪਤੀ ਬਾਰੇ ਦੱਸਿਆ –

byte – rajni

---------------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਉੱਘੇ ਵਕੀਲ Ujjwal Deorao Nikam, ਸਮਾਜ ਸੇਵਕ, C Sadanandan Master, ਸਾਬਕਾ ਵਿਦੇਸ਼ ਸਕੱਤਰ-ਹਰਸ਼ ਵਰਧਨ ਸ਼੍ਰਿੰਗਲਾ ਅਤੇ ਇਤਿਹਾਸਕਾਰ ਅਤੇ ਅਕਾਦ੍ਮਿਸ਼ੀਅਨ, ਡਾ. ਮੀਨਾਕਸ਼ੀ ਜੈਨ ਨੂੰ ਰਾਜ ਸਭਾ ਲਈ ਨਾਮਜ਼ਦ ਕੀਤਾ ਏ।
- ਅਮਰੀਕਾ ਵਿੱਚ, FBI ਨੇ ਇੱਕ ਅੰਤਰਰਾਸ਼ਟਰੀ ਦਹਿਸ਼ਤਗਰਦੀ ਨੈੱਟਵਰਕ 'ਤੇ ਵੱਡੀ ਕਾਰਵਾਈ ਵਿੱਚ ਦੇਸ਼ ਭਰ'ਚ ਅੱਠ ਖਾਲਿਸਤਾਨੀ ਦਹਿਸ਼ਤਗਰਦਾਂ ਨੂੰ ਗ੍ਰਿਫ਼ਤਾਰ ਕੀਤਾ ਏ।
- ਕੇਂਦਰ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਨਕਲੀ ਅਤੇ ਘਟੀਆ ਖਾਦਾਂ ਦੇ ਮੁੱਦੇ 'ਤੇ ਤੁਰੰਤ ਅਤੇ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਨੇ.
- ਪੰਜਾਬ ਦੇ ਨੌਜਵਾਨਾਂ ਦਾ ਧਿਆਨ ਨਸ਼ਿਆਂ ਤੋਂ ਹਟਾ ਕੇ ਖੇਡਾਂ ਵੱਲ ਮੋੜਨ ਲਈ, ਸਰਕਾਰ ਸੂਬੇ ਦੇ ਸਾਰੇ 13,ਹਜ਼ਾਰ ਪਿੰਡਾਂ ਵਿੱਚ ਆਧੁਨਿਕ ਖੇਡ ਮੈਦਾਨ ਬਣਾਏਗੀ।

- ਪੰਜਾਬ ਪੁਲਿਸ ਦੀ ਹੈਡ ਕਾਂਸਟੇਬਲ, ਰਜਨੀ ਨੇ ਵਿਸ਼ਵ ਪੁਲਿਸ ਖੇਡਾਂ'ਚ ਚਾਰ ਸੋਨੇ ਦੇ, ਇੱਕ ਚਾਂਦੀ ਦਾ ਅਤੇ ਦੋ ਕਾਂਸੀ ਦੇ ਤਮਗਿਆਂ ਸਮੇਤ ਸੱਤ ਤਮਗੇ ਜਿੱਤੇ ਨੇ.

ਆਕਾਸ਼ਵਾਣੀ ਤੋਂ ਖਬਰਾਂ ਖਤਮ ਹੋਈਆਂ ਖਬਰਾਂ ਦਾ ਅਗਲਾ ਪ੍ਰਾਦੇਸ਼ਿਕ ਬੁਲੇਟਿਨ, ਤੁਸੀਂ ਸੁਣੋਗੇ ਸ਼ਾਮ ਸਾਢੇ 7 ਵਜੇ.

ਨਮਸ੍ਕਾਰ